Tape/CD: 1330

ਪੰਨਾ ੭੭੬

ਸੂਹੀ ਮਹਲਾ ੪ ਘਰੁ ੫

ਗੁਰੁ ਸੰਤ ਜਨੋ ਪਿਆਰਾ ਮੈ ਮਿਲਿਆ ਮੇਰੀ ਤ੍ਰਿਸਨਾ ਬੁਝਿ ਗਈਆਸੇ ॥ ਹਉ ਮਨੁ ਤਨੁ ਦੇਵਾ ਸਤਿਗੁਰੈ ਮੈ ਮੇਲੇ ਪ੍ਰਭ ਗੁਣਤਾਸੇ ॥ ਧਨੁ ਧੰਨੁ ਗੁਰੂ ਵਡ ਪੁਰਖੁ ਹੈ ਮੈ ਦਸੇ ਹਰਿ ਸਾਬਾਸੇ ॥ ਵਡਭਾਗੀ ਹਰਿ ਪਾਇਆ ਜਨ ਨਾਨਕ ਨਾਮਿ ਵਿਗਾਸੇ ॥ ੧ ॥ ਗੁਰੁ ਸਜਣੁ ਪਿਆਰਾ ਮੈ ਮਿਲਿਆ ਹਰਿ ਮਾਰਗੁ ਪੰਥੁ ਦਸਾਹਾ ॥ ਘਰਿ ਆਵਹੁ ਚਿਰੀ ਵਿਛੁੰਨਿਆ ਮਿਲੁ ਸਬਦਿ ਗੁਰੂ ਪ੍ਰਭ ਨਾਹਾ ॥ ਹਉ ਤੁਝੁ ਬਾਝਹੁ ਖਰੀ ਉਡੀਣੀਆ ਜਿਉ ਜਲ ਬਿਨੁ ਮੀਨੁ ਮਰਾਹਾ ॥ ਵਡਭਾਗੀ ਹਰਿ ਧਿਆਇਆ ਜਨ ਨਾਨਕ ਨਾਮਿ ਸਮਾਹਾ ॥ ੨ ॥ ਮਨੁ ਦਹ ਦਿਸਿ ਚਲਿ ਚਲਿ ਭਰਮਿਆ ਮਨਮੁਖੁ ਭਰਮਿ ਭੁਲਾਇਆ ॥ ਨਿਤ ਆਸਾ ਮਨਿ ਚਿਤਵੈ ਮਨ ਤ੍ਰਿਸਨਾ ਭੁਖ ਲਗਾਇਆ ॥ ਅਨਤਾ ਧਨੁ ਧਰਿ ਦਬਿਆ ਫਿਰਿ ਬਿਖੁ ਭਾਲਣ ਗਇਆ ॥ ਜਨ ਨਾਨਕ ਨਾਮੁ ਸਲਾਹਿ ਤੂ ਬਿਨੁ ਨਾਵੈ ਪਚਿ ਪਚਿ ਮੁਇਆ ॥ ੩ ॥ ਗੁਰੁ ਸੁੰਦਰੁ ਮੋਹਨੁ ਪਾਇ ਕਰੇ ਹਰਿ ਪ੍ਰੇਮ ਬਾਣੀ ਮਨੁ ਮਾਰਿਆ ॥ ਮੇਰੈ ਹਿਰਦੈ ਸੁਧਿ ਬੁਧਿ ਵਿਸਰਿ ਗਈ ਮਨ ਆਸਾ ਚਿੰਤ ਵਿਸਾਰਿਆ ॥ ਮੈ ਅੰਤਰਿ ਵੇਦਨ ਪ੍ਰੇਮ ਕੀ ਗੁਰ ਦੇਖਤ ਮਨੁ ਸਾਧਾਰਿਆ ॥ ਵਡਭਾਗੀ ਪ੍ਰਭ ਆਇ ਮਿਲੁ ਜਨੁ ਨਾਨਕੁ ਖਿਨੁ ਖਿਨੁ ਵਾਰਿਆ ॥ ੪ ॥ ੧ ॥ ੫ ॥

Tape/CD: 1330 ਪੰਨਾ ੭੬੫-੭੬੬

ਸੂਹੀ ਮਹਲਾ ੧ ॥ ਮੇਰਾ ਮਨੁ ਰਾਤਾ ਗੁਣ ਰਵੈ ਮਨਿ ਭਾਵੈ ਸੋਈ ॥ ਗੁਰ ਕੀ ਪਉੜੀ ਸਾਚ ਕੀ ਸਾਚਾ ਸੁਖੁ ਹੋਈ ॥ ਸੁਖਿ
ਸਹਜਿ ਆਵੈ ਸਾਚ ਭਾਵੈ ਸਾਚ ਕੀ ਮਤਿ ਕਿਉ ਟਲੈ ॥ ਇਸਨਾਨੁ ਦਾਨੁ ਸੁਗਿਆਨੁ ਮਜਨੁ ਆਪਿ ਅਛਲਿਓ ਕਿਉ ਛਲੈ ॥
ਪਰਪੰਚ ਮੋਹ ਬਿਕਾਰ ਥਾਕੇ ਕੂੜੁ ਕਪਟੁ ਨ ਦੋਈ ॥ ਮੇਰਾ ਮਨੁ ਰਾਤਾ ਗੁਣ ਰਵੈ ਮਨਿ ਭਾਵੈ ਸੋਈ ॥ ੧ ॥ ਸਾਹਿਬੁ ਸੋ
ਸਾਲਾਹੀਐ ਜਿਨਿ ਕਾਰਣੁ ਕੀਆ ॥ ਮੈਲੁ ਲਾਗੀ ਮਨਿ ਮੈਲਿਐ ਕਿਨੈ ਅੰਮ੍ਰਿਤੁ ਪੀਆ ॥ ਮਥਿ ਅੰਮ੍ਰਿਤੁ ਪੀਆ ਇਹੁ ਮਨੁ ਦੀਆ
ਗੁਰ ਪਹਿ ਮੋਲੁ ਕਰਾਇਆ ॥ ਆਪਨੜਾ ਪ੍ਰਭੁ ਸਹਜਿ ਪਛਾਤਾ ਜਾ ਮਨੁ ਸਾਚੈ ਲਾਇਆ ॥ ਤਿਸੁ ਨਾਲਿ ਗੁਣ ਗਾਵਾ ਜੇ ਤਿਸੁ
ਭਾਵਾ ਕਿਉ ਮਿਲੈ ਹੋਇ ਪਰਾਇਆ ॥ ਸਾਹਿਬੁ ਸੋ ਸਾਲਾਹੀਐ ਜਿਨਿ ਜਗਤੁ ਉਪਾਇਆ ॥ ੨ ॥ ਆਇ ਗਇਆ ਕੀ ਨ
ਆਇਓ ਕਿਉ ਆਵੈ ਜਾਤਾ ॥ ਪ੍ਰੀਤਮ ਸਿਉ ਮਨੁ ਮਾਨਿਆ ਹਰਿ ਸੇਤੀ ਰਾਤਾ ॥ ਸਾਹਿਬ ਰੰਗਿ ਰਾਤਾ ਸਚ ਕੀ ਬਾਤਾ ਜਿਨਿ
ਬਿੰਬ ਕਾ ਕੋਟੁ ਉਸਾਰਿਆ ॥ ਪੰਚ ਭੂ ਨਾਇਕੋ ਆਪਿ ਸਿਰੰਦਾ ਜਿਨਿ ਸਚ ਕਾ ਪਿੰਡੁ ਸਵਾਰਿਆ ॥ ਹਮ ਅਵਗਣਿਆਰੇ ਤੂ
ਸੁਣਿ ਪਿਆਰੇ ਤੁਧੁ ਭਾਵੈ ਸਚੁ ਸੋਈ ॥ ਆਵਣ ਜਾਣਾ ਨਾ ਥੀਐ ਸਾਚੀ ਮਤਿ ਹੋਈ ॥ ੩ ॥ ਅੰਜਨੁ ਤੈਸਾ ਅੰਜੀਐ ਜੈਸਾ ਪਿਰ
ਭਾਵੈ ॥ ਸਮਝੈ ਸੂਝੈ ਜਾਣੀਐ ਜੇ ਆਪਿ ਜਾਣਾਵੈ ॥ ਆਪਿ ਜਾਣਾਵੈ ਮਾਰਗਿ ਪਾਵੈ ਆਪੇ ਮਨੂਆ ਲੇਵਏ ॥ ਕਰਮ ਸੁਕਰਮ
ਕਰਾਏ ਆਪੇ ਕੀਮਤਿ ਕਉਣ ਅਭੇਵਏ ॥ ਤੰਤੁ ਮੰਤੁ ਪਾਖੰਡੁ ਨ ਜਾਣਾ ਰਾਮੁ ਰਿਦੈ ਮਨੁ ਮਾਨਿਆ ॥ ਅੰਜਨੁ ਨਾਮੁ ਤਿਸੈ ਤੇ ਸੂਝੈ
ਗੁਰ ਸਬਦੀ ਸਚੁ ਜਾਨਿਆ ॥ ੪ ॥ ਸਾਜਨ ਹੋਵਨਿ ਆਪਣੇ ਕਿਉ ਪਰ ਘਰ ਜਾਹੀ ॥ ਸਾਜਨ ਰਾਤੇ ਸਚ ਕੇ ਸੰਗੇ ਮਨ ਮਾਹੀ ॥
ਮਨ ਮਾਹਿ ਸਾਜਨ ਕਰਹਿ ਰਲੀਆ ਕਰਮ ਧਰਮ ਸਬਾਇਆ ॥ ਅਠਸਠਿ ਤੀਰਥ ਪੁੰਨ ਪੂਜਾ ਨਾਮੁ ਸਾਚਾ ਭਾਇਆ ॥ ਆਪਿ
ਸਾਜੇ ਥਾਪਿ ਵੇਖੈ ਤਿਸੈ ਭਾਣਾ ਭਾਇਆ ॥ ਸਾਜਨ ਰਾਂਗਿ ਰੰਗੀਲੜੇ ਰੰਗੁ ਲਾਲੁ ਬਣਾਇਆ ॥ ੫ ॥ ਅੰਧਾ ਆਗੂ ਜੇ ਥੀਐ
ਕਿਉ ਪਾਧਰੁ ਜਾਣੈ ॥ ਆਪਿ ਮੁਸੈ ਮਤਿ ਹੋਛੀਐ ਕਿਉ ਰਾਹੁ ਪਛਾਣੈ ॥ ਕਿਉ ਰਾਹਿ ਜਾਵੈ ਮਹਲੁ ਪਾਵੈ ਅੰਧ ਕੀ ਮਤਿ ਅੰਧਲੀ
॥ ਵਿਣੁ ਨਾਮ ਹਰਿ ਕੇ ਕਛੁ ਨ ਸੂਝੈ ਅੰਧੁ ਬੂਡੌ ਧੰਧਲੀ ॥ ਦਿਨੁ ਰਾਤਿ ਚਾਨਣੁ ਚਾਉ ਉਪਜੈ ਸਬਦੁ ਗੁਰ ਕਾ ਮਨਿ ਵਸੈ ॥ ਕਰ
ਜੋੜਿ ਗੁਰ ਪਹਿ ਕਰਿ ਬਿਨੰਤੀ ਰਾਹੁ ਪਾਧਰੁ ਗੁਰੁ ਦਸੈ ॥ ੬ ॥

Tape/CD: 1330 ਪੰਨਾ ੧੦੭੦

ਮਾਰੂ ਮਹਲਾ ੧ ॥ ਸਬਦਿ ਮਰੈ ਤਾ ਮਾਰਿ ਮਰੁ ਭਾਗੋ ਕਿਸੁ ਪਹਿ ਜਾਉ ॥ ਜਿਸ ਕੈ ਡਰਿ ਭੈ ਭਾਗੀਐ
ਅੰਮ੍ਰਿਤੁ ਤਾ ਕੋ ਨਾਉ ॥ ਮਾਰਹਿ ਰਾਖਹਿ ਏਕੁ ਤੂ ਬੀਜਉ ਨਾਹੀ ਥਾਉ ॥ ੧ ॥ ਬਾਬਾ ਮੈ ਕੁਚੀਲੁ ਕਾਚਉ
ਮਤਿਹੀਨ ॥ ਨਾਮ ਬਿਨਾ ਕੋ ਕਛੁ ਨਹੀ ਗੁਰਿ ਪੂਰੈ ਪੂਰੀ ਮਤਿ ਕੀਨ ॥ ੧ ॥ ਰਹਾਉ ॥ ਅਵਗਣਿ ਸੁਭਰ
ਗੁਣ ਨਹੀ ਬਿਨੁ ਗੁਣ ਕਿਉ ਘਰਿ ਜਾਉ ॥ ਸਹਜਿ ਸਬਦਿ ਸੁਖੁ ਊਪਜੈ ਬਿਨੁ ਭਾਗਾ ਧਨੁ ਨਾਹਿ ॥ ਜਿਨ
ਕੈ ਨਾਮੁ ਨ ਮਨਿ ਵਸੈ ਸੇ ਬਾਧੇ ਦੂਖ ਸਹਾਹਿ ॥ ੨ ॥ ਜਿਨੀ ਨਾਮੁ ਵਿਸਾਰਿਆ ਸੇ ਕਿਤੁ ਆਏ ਸੰਸਾਰਿ
॥ ਆਗੈ ਪਾਛੈ ਸੁਖੁ ਨਹੀ ਗਾਡੇ ਲਾਦੇ ਛਾਰੁ ॥ ਵਿਛੁੜਿਆ ਮੇਲਾ ਨਹੀ ਦੂਖੁ ਘਣੋ ਜਮ ਦੁਆਰਿ ॥ ੩ ॥
ਅਗੈ ਕਿਆ ਜਾਣਾ ਨਾਹਿ ਮੈ ਭੂਲੇ ਤੂ ਸਮਝਾਇ ॥ ਭੂਲੇ ਮਾਰਗੁ ਜੋ ਦਸੇ ਤਿਸ ਕੈ ਲਾਗਉ ਪਾਇ ॥ ਗੁਰ
ਬਿਨੁ ਦਾਤਾ ਕੋ ਨਹੀ ਕੀਮਤਿ ਕਹਣੁ ਨ ਜਾਇ ॥ ੪ ॥ ਸਾਜਨੁ ਦੇਖਾ ਤਾ ਗਲਿ ਮਿਲਾ ਸਾਚੁ ਪਠਾਇਓ
ਲੇਖੁ ॥ ਮੁਖਿ ਧਿਮਾਣੈ ਧਨ ਖੜੀ ਗੁਰਮੁਖਿ ਆਖੀ ਦੇਖੁ ॥ ਤੁਧੁ ਭਾਵੈ ਤੂ ਮਨਿ ਵਸਹਿ ਨਦਰੀ ਕਰਮਿ
ਵਿਸੇਖੁ ॥ ੫ ॥ ਭੂਖ ਪਿਆਸੋ ਜੇ ਭਵੈ ਕਿਆ ਤਿਸੁ ਮਾਗਉ ਦੇਇ ॥ ਬੀਜਉ ਸੂਝੈ ਕੋ ਨਹੀ ਮਨਿ ਤਨਿ
ਪੂਰਨੁ ਦੇਇ ॥ ਜਿਨਿ ਕੀਆ ਤਿਨਿ ਦੇਖਿਆ ਆਪਿ ਵਡਾਈ ਦੇਇ ॥ ੬ ॥ ਨਗਰੀ ਨਾਇਕੁ ਨਵਤਨੋ
ਬਾਲਕੁ ਲੀਲ ਅਨੂਪੁ ॥ ਨਾਰਿ ਨ ਪੁਰਖੁ ਨ ਪੰਖਣੂ ਸਾਚਉ ਚਤੁਰੁ ਸਰੂਪੁ ॥ ਜੋ ਤਿਸੁ ਭਾਵੈ ਸੋ ਥੀਐ ਤੂ
ਦੀਪਕੁ ਤੂ ਧੂਪੁ ॥ ੭ ॥ ਗੀਤ ਸਾਦ ਚਾਖੇ ਸੁਣੇ ਬਾਦ ਸਾਦ ਤਨਿ ਰੋਗੁ ॥ ਸਚੁ ਭਾਵੈ ਸਾਚਉ ਚਵੈ ਛੂਟੈ
ਸੋਗ ਵਿਜੋਗੁ ॥ ਨਾਨਕ ਨਾਮੁ ਨ ਵੀਸਰੈ ਜੋ ਤਿਸੁ ਭਾਵੈ ਸੁ ਹੋਗੁ ॥ ੮ ॥ ੩ ॥

Tape/CD: 1330

# ਪੰਨਾ ੩੨੨

ਸਲੋਕ ਦੋਹਾ ਮਃ ੫ ॥ ਏਕੁ ਜਿ ਸਾਜਨੁ ਮੈ ਕੀਆ ਸਰਬ ਕਲਾ ਸਮਰਥੁ ॥ ਜੀਉ ਹਮਾਰਾ ਖੰਨੀਐ ਹਰਿ ਮਨ ਤਨ ਸੰਦੜੀ ਵਥੁ ॥ ੧ ॥ ਮਃ ੫ ॥ ਜੇ ਕਰੁ ਗਹਹਿ ਪਿਆਰੜੇ ਤੁਧੁ ਨ ਛੋਡਾ ਮੂਲਿ ॥ ਹਰਿ ਛੋਡਨਿ ਸੇ ਦੁਰਜਨਾ ਪੜਹਿ ਦੋਜਕ ਕੈ ਸੂਲਿ ॥ ੨ ॥ ਪਉੜੀ ॥ ਸਭਿ ਨਿਧਾਨ ਘਰਿ ਜਿਸ ਦੈ ਹਰਿ ਕਰੇ ਸੁ ਹੋਵੈ ॥ ਜਪਿ ਜਪਿ ਜੀਵਹਿ ਸੰਤ ਜਨ ਪਾਪਾ ਮਲੁ ਧੋਵੈ ॥ ਚਰਨ ਕਮਲ ਹਿਰਦੈ ਵਸਹਿ ਸੰਕਟ ਸਭਿ ਖੋਵੈ ॥ ਗੁਰੁ ਪੂਰਾ ਜਿਸੁ ਭੇਟੀਐ ਮਰਿ ਜਨਮਿ ਨ ਰੋਵੈ ॥ ਪ੍ਰਭ ਦਰਸ ਪਿਆਸ ਨਾਨਕ ਘਣੀ ਕਿਰਪਾ ਕਰਿ ਦੇਵੈ ॥ ੧੯ ॥

# ਪੰਨਾ ੭੦੧-੭੦੨

ਜੈਤਸਰੀ ਮਹਲਾ ੫ ॥ ਕੋਈ ਜਨੁ ਹਰਿ ਸਿਉ ਦੇਵੈ ਜੋਰਿ ॥ ਚਰਨ ਗਹਉ ਬਕਉ ਸੁਭ ਰਸਨਾ ਦੀਜਹਿ ਪ੍ਰਾਨ ਅਕੋਰਿ ॥ ੧ ॥ ਰਹਾਉ ॥ ਮਨੁ ਤਨੁ ਨਿਰਮਲ ਕਰਤ ਕਿਆਰੋ ਹਰਿ ਸਿੰਚੈ ਸੁਧਾ ਸੰਜੋਰਿ ॥ ਇਆ ਰਸ ਮਹਿ ਮਗਨੁ ਹੋਤ ਕਿਰਪਾ ਤੇ ਮਹਾ ਬਿਖਿਆ ਤੇ ਤੋਰਿ ॥ ੧ ॥ ਆਇਓ ਸਰਣਿ ਦੀਨ ਦੁਖ ਭੰਜਨ ਚਿਤਵਉ ਤੁਮ੍ਰੀ ਓਰਿ ॥ ਅਭੈ ਪਦੁ ਦਾਨੁ ਸਿਮਰਨੁ ਸੁਆਮੀ ਕੋ ਪ੍ਰਭ ਨਾਨਕ ਬੰਧਨ ਛੋਰਿ
॥ ੨ ॥ ੫ ॥ ੯ ॥